# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

---

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)।
3. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
4. ਸਮੂਹ ਡੀ.ਆਰ.ਪੀ.(ਟੈਕਸਟ ਬੁੱਕ)।
5. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/22018-22097
ਮਿਤੀ,ਚੰਡੀਗੜ੍ਹ 28-04-2011

**ਵਿਸ਼ਾ :- ਛੇਵੀਂ ਤੋਂ ਅੱਠਵੀਂ ਜਮਾਤਾਂ ਤੱਕ ਦੀਆਂ ਸਾਇੰਸ ਪ੍ਰੈਕਟੀਕਲ ਨੋਟ ਬੁੱਕਸ ਅਤੇ ਮੈਥ ਐਕਟੀਵਿਟੀ ਨੋਟ ਬੁੱਕਸ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਜਾਣਕਾਰੀ ਲਈ ਦੱਸਿਆ ਜਾਂਦਾ ਹੈ ਕਿ ਅੱਪਰ-ਪ੍ਰਾਇਮਰੀ ਵਰਗ ਦੇ ਜਮਾਤ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਸਾਇੰਸ ਅਤੇ ਗਣਿਤ ਵਿਸ਼ਿਆਂ ਦੀ ਪੜ੍ਹਾਈ ਵਿੱਚ ਹੋਰ ਗੁਣਾਤਮਕ ਸੁਧਾਰ ਲਿਆਉਣ ਲਈ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਸਾਇੰਸ ਪ੍ਰੈਕਟੀਕਲ ਨੋਟ ਬੁੱਕਸ ਅਤੇ ਮੈਥ ਐਕਟੀਵਿਟੀ ਨੋਟ ਬੁੱਕਸ ਦਿੱਤੀਆਂ ਜਾ ਰਹੀਆਂ ਹਨ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਅੱਪਰ-ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਗਿਣਤੀ ਮੁਤਾਬਿਕ ਜੇਕਰ ਉਪਰੋਕਤ ਨੋਟ ਬੁੱਕਸ ਸਕੂਲਾਂ ਵਿੱਚ ਨਹੀਂ ਪਹੁੰਚੀਆਂ ਤਾਂ ਤੁਰੰਤ ਸਬੰਧਤ ਬੀ.ਆਰ.ਪੀ. ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਲੋੜੀਂਦੀਆਂ ਨੋਟ ਬੁੱਕਸ ਵਿਦਿਆਰਥੀਆਂ ਨੂੰ ਤੁਰੰਤ ਪ੍ਰਾਪਤ ਹੋ ਸਕਣ।

ਚਲਦਾ ਪੰਨਾ .....

4.0 ਉਕਤ ਸਾਇੰਸ ਅਤੇ ਮੈਥ ਦੀਆਂ ਨੋਟ ਬੁੱਕਸ ਵਿਦਿਆਰਥੀਆਂ ਨੂੰ ਵੰਡਣ ਤੋਂ ਪਹਿਲਾਂ ਵਿਸ਼ਾ ਅਧਿਆਪਕਾਂ ਵੱਲੋਂ ਸਟਾਕ ਐਂਟਰੀ ਕਰ ਲਈ ਜਾਵੇ ਅਤੇ ਮਹੀਨਾਵਾਰ ਸਿਲੇਬਸ ਵੰਡ ਅਨੁਸਾਰ ਵਿਦਿਆਰਥੀਆਂ ਨੂੰ ਨੋਟ ਬੁੱਕਸ ਤੇ ਪ੍ਰੈਕਟੀਕਲ ਅਤੇ ਮੈਥ ਕ੍ਰਿਆਵਾਂ ਕਰਵਾਈਆਂ ਜਾਣ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**